ਮੋਗਾ ਅਜੀਤ

ਅਜੀਤ, ਬਠਿੰਡਾ

ਸੋਮਵਾਰ, 9 ਦਸੰਬਰ 2024

6

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ



ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **9 ਦਸੰਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਅਤੇ **10 ਦਸੰਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ **9 ਦਸੰਬਰ** ਨੂੰ ਸ਼ਾਮ 4.30 ਤੋਂ 6.30 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਸਾਹਿਬ ਸਿੰਘ** ਤੇ **10 ਦਸੰਬਰ** ਨੂੰ ਸਵੇਰੇ 4.00 ਵਜੇ ਤੋਂ 7.45 ਵਜੇ ਤੱਕ **ਭਾਈ ਦਵਿੰਦਰ ਸਿੰਘ ਅਤੇ ਭਾਈ ਗੁਰਸੇਵਕ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 4.00 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 5.30 ਵਜੇ ਤੋਂ 7.30 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 9 ਦਸੰਬਰ ਨੂੰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤੇ 10 ਦਸੰਬਰ ਨੂੰ ਗਿਆਨੀ ਗੁਰਲਾਲ ਸਿੰਘ ਮੀਰਾਂਕੋਟ, ਗੁ: ਮੰਜੀ ਸਾਹਿਬ ਦੀਵਾਨ ਹਾਲ, ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਐਸ.ਸੀ. ਬੀ.ਸੀ. ਅਧਿਆਪਕ ਯੂਨੀਅਨ ਪੰਜਾਬ ਦੇ ਆਗੂ ਡਾਇਰੈਕਟਰ ਸਕੂਲ ਸਿੱਖਿਆ ਪਰਮਜੀਤ ਸਿੰਘ ਨੂੰ ਮੰਗ ਪੱਤਰ ਸੌਂਪਦੇ ਹੋਏ। ਅਜੀਤ ਤਸਵੀਰ

ਐਸ.ਸੀ./ਬੀ.ਸੀ. ਅਧਿਆਪਕ ਯੂਨੀਅਨ ਪੰਜਾਬ ਦੀ ਮੀਟਿੰਗ

ਮੋਗਾ, 8 ਦਸੰਬਰ (ਸੁਰਿੰਦਰਪਾਲ ਸਿੰਘ)-ਐਸ.ਸੀ./ਬੀ.ਸੀ. ਅਧਿਆਪਕ ਯੂਨੀਅਨ ਪੰਜਾਬ ਦੀ ਮੀਟਿੰਗ ਡਾਇਰੈਕਟਰ ਸਕੂਲ ਸਿੱਖਿਆ ਸੈਕੰਡਰੀ ਪੰਜਾਬ ਪਰਮਜੀਤ ਸਿੰਘ ਨਾਲ ਯੂਨੀਅਨ ਦੇ ਪ੍ਰਧਾਨ ਬਲਜੀਤ ਸਿੰਘ ਸਲਾਣਾ ਦੀ ਅਗਵਾਈ ਵਿਚ ਹੋਈ। ਜਾਣਕਾਰੀ ਦਿੰਦਿਆਂ ਹਰਵਿੰਦਰ ਸਿੰਘ ਮਾਰਸ਼ਲ ਜ਼ਿਲ੍ਹਾ ਪ੍ਰਧਾਨ ਮੋਗਾ ਤੇ ਵੀਰ ਸਿੰਘ ਮੋਗਾ ਸਕੱਤਰ ਨੇ ਦੱਸਿਆ ਕਿ ਯੂਨੀਅਨ ਵਲੋਂ ਦਿੱਤੇ ਗਏ ਏਜੰਡੇ 'ਤੇ ਵਿਸਥਾਰ ਨਾਲ ਗੱਲਬਾਤ ਹੋਈ। ਮੀਟਿੰਗ ਵਿਚ ਬਲਜੀਤ ਸਿੰਘ ਸਲਾਣਾ ਨੇ ਲੈਕਚਰਾਰ ਐਡਜਸਟਮੈਂਟ ਕਰਨ ਦਾ ਮੁੱਦਾ ਤੇ ਕ੍ਰਿਸ਼ਨ ਸਿੰਘ ਦੁੱਗਾ ਕਾਰਜਕਾਰੀ ਪ੍ਰਧਾਨ ਨੇ ਲੈਕਚਰਾਰ ਕੇਡਰ ਦੀ ਸੀਨੀਅਰਤਾ ਸੂਚੀ ਦਾ ਮੁੱਦਾ ਰੱਖਿਆ। ਜਨਰਲ ਸਕੱਤਰ ਲਛਮਣ ਸਿੰਘ ਨਬੀਪੁਰ ਨੇ ਸੇਵਾ ਮੁਕਤ ਅਤੇ ਵਰਕਿੰਗ ਅਧਿਆਪਕਾਂ ਦੇ ਮੈਡੀਕਲ ਬਿੱਲਾਂ ਦਾ ਮੁੱਦਾ ਰੱਖਿਆ। ਮੀਤ ਪ੍ਰਧਾਨ ਪਰਵਿੰਦਰ ਭਾਰਤੀ ਨੇ ਮਾਸਟਰ ਕੇਡਰ ਤੋਂ ਲੈਕਚਰਾਰ ਤਰੱਕੀ 'ਚ ਅੰਗਰੇਜ਼ੀ, ਗਣਿਤ ਤੇ ਬਾਇਓਲੋਜੀ ਦੇ ਰਹਿ ਗਏ ਬੈਕਲਾਗ ਨੂੰ ਪੂਰਾ ਕਰਨ ਦੀ ਗੱਲ ਰੱਖੀ। ਐਸ.ਸੀ./ਬੀ.ਸੀ. ਅਧਿਆਪਕ ਯੂਨੀਅਨ ਨੇ ਆਫ਼ਿਸ ਅਸਿਸਟੈਂਟ ਕੰਮ ਡਾਟਾ ਐਂਟਰੀ ਅਪਰੇਟਰ ਦੀ ਯੂਨੀਅਨ ਦੇ ਸਮਰਥਨ 'ਚ ਮੰਗ ਰੱਖੀ ਜਿਸ 'ਤੇ ਡੀ.ਪੀ.ਆਈ. ਸੈਕੰਡਰੀ ਨੇ 9 ਦਸੰਬਰ 2024 ਦੀ ਮੀਟਿੰਗ ਦਾ ਹਵਾਲਾ ਦਿੱਤਾ ਅਤੇ ਭਰੋਸਾ ਦਿੱਤਾ ਕਿ ਜਲਦ ਆਰਡਰ ਜਾਰੀ ਕਰ ਦਿੱਤੇ ਜਾਣਗੇ। ਇਸ ਮੌਕੇ ਵਿੱਤ ਸਕੱਤਰ ਗੁਰਪ੍ਰੀਤ ਸਿੰਘ ਗੁਰੂ, ਡਾਟਾ ਐਂਟਰੀ ਅਪਰੇਟਰ ਯੂਨੀਅਨ ਤੋਂ ਮਹਿਲਾ ਵਿੰਗ ਪ੍ਰਧਾਨ ਗੁਰਵਿੰਦਰ ਕੌਰ, ਰਜਨੀ, ਜਨਰਲ ਸਕੱਤਰ ਅਮਨ ਥਾਪਰ, ਬੇਅੰਤ ਸਿੰਘ ਭਾਂਬਰੀ, ਸੁਪਿੰਦਰ ਸਿੰਘ, ਵੀਰ ਸਿੰਘ ਸੂਬਾ ਸਕੱਤਰ ਮੋਗਾ, ਹਰਵਿੰਦਰ ਸਿੰਘ ਮਾਰਸ਼ਲ ਜ਼ਿਲ੍ਹਾ ਪ੍ਰਧਾਨ ਮੋਗਾ, ਰਾਜਪਾਲ ਸਿੰਘ ਸ਼ੇਰਗਿੱਲ ਮੋਗਾ, ਕੰਵਲਜੀਤ ਸਿੰਘ, ਲੈਕ. ਸੇਵਕ ਸਿੰਘ, ਲੈਕਚਰਾਰ ਹਰਬਿਲਾਸ ਬੰਗਾ, ਰਮੇਸ਼ ਕੁਮਾਰ, ਲੈਕਚਰਾਰ ਸੁਨੀਲ ਕੁਮਾਰ, ਹਰਚੰਦ ਸਿੰਘ ਬੱਲ, ਲੈਕ. ਰਾਮ ਪ੍ਰਕਾਸ਼, ਅਮਰ ਸਿੰਘ, ਲੈਕ. ਨਰਿੰਦਰ ਕੌਰ, ਇੰਦਰਜੀਤ ਕੌਰ ਤੇ ਹੋਰ ਜਥੇਬੰਦੀ ਦੇ ਆਗੂ ਤੇ ਮੈਂਬਰ ਹਾਜ਼ਰ ਸਨ।

ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਦੀ ਉੱਚ ਪੱਧਰੀ ਜਾਂਚ ਕਰਵਾਈ ਜਾਵੇ- ਸੂਬੇਦਾਰ, ਢਿੱਲੋਂ

ਕਿਸ਼ਨਪੁਰਾ ਕਲਾਂ, 8 ਦਸੰਬਰ (ਅਮੋਲਕ ਸਿੰਘ ਕਲਸੀ, ਪਰਮਿੰਦਰ ਸਿੰਘ ਗਿੱਲ)- ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ 'ਤੇ ਜਾਨਲੇਵਾ ਹਮਲੇ ਦੀ ਉੱਚ ਪੱਧਰੀ ਜਾਂਚ ਕਰਵਾਈ ਜਾਵੇ ਤੇ ਕਾਤਲਾਨਾ ਹਮਲਾ ਕਰਨ ਵਾਲੇ ਸਮੇਤ ਇਸ 'ਚ ਹੋਰ ਸ਼ਾਮਲ ਲੋਕਾਂ ਵਿਰੁੱਧ ਸਖ਼ਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇ। ਇਹ ਪ੍ਰਗਟਾਵਾ ਕਸਬਾ ਕਿਸ਼ਨਪੁਰਾ ਕਲਾਂ ਦੇ ਟਕਸਾਲੀ ਅਕਾਲੀ ਆਗੂ ਸਾਬਕਾ ਸਰਪੰਚ ਬਾਪੂ ਬਗੀਚਾ ਸਿੰਘ ਔਲਖ ਦੇ ਪੋਤਰੇ ਸ਼ੇਰਾਂ ਔਲਖ, ਸੀਨੀਅਰ ਅਕਾਲੀ ਆਗੂ ਪ੍ਰੀਤਮ ਸਿੰਘ ਸੂਬੇਦਾਰ, ਉੱਘੇ ਸਮਾਜ ਸੇਵੀ ਨਾਮੀ ਪਰਿਵਾਰ ਦੇ ਆਗੂ ਡਾ. ਗੁਰਪ੍ਰੀਤ ਸਿੰਘ ਢਿੱਲੋਂ ਨੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ 'ਤੇ ਹੋਏ ਜਾਨਲੇਵਾ ਹਮਲੇ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਅੱਜ 'ਆਪ' ਦੀ ਸਰਕਾਰ ਸਮੇਂ ਪੰਜਾਬ ਵਿਚ ਜਦੋਂ ਸਾਬਕਾ ਉਪ ਮੁੱਖ ਮੰਤਰੀ 'ਤੇ ਸ਼ਰ੍ਹੇਆਮ ਸੁਰੱਖਿਆ ਘੇਰੇ 'ਚ ਹਮਲੇ ਹੋ ਰਹੇ ਹਨ ਤੇ ਆਮ ਲੋਕਾਂ ਦਾ ਕੀ ਬਣੇਗਾ ਤੇ ਲੋਕ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ।

ਗੱਲਬਾਤ ਦੌਰਾਨ ਸੂਬੇਦਾਰ ਪ੍ਰੀਤਮ ਸਿੰਘ, ਡਾ. ਢਿੱਲੋਂ ਤੇ ਸ਼ੇਰਾਂ ਔਲਖ। ਤਸਵੀਰ : ਅਮੋਲਕ ਸਿੰਘ ਕਲਸੀ

ਸੁਖਬੀਰ ਸਿੰਘ ਬਾਦਲ 'ਤੇ ਗੋਲੀ ਚਲਾਉਣਾ ਵੱਡੀ ਸਾਜਿਸ਼- ਸਾਬਕਾ ਚੇਅਰਮੈਨ ਕਪੂਰੇ

ਕਿਸ਼ਨਪੁਰਾ ਕਲਾਂ, 8 ਦਸੰਬਰ (ਅਮੋਲਕ ਸਿੰਘ ਕਲਸੀ, ਪਰਮਿੰਦਰ ਸਿੰਘ ਗਿੱਲ)- ਸਾਬਕਾ ਉੱਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ 'ਤੇ ਹਮਲੇ ਦੀ ਜਿੰਨੀ ਨਿੰਦਾ ਕੀਤੀ ਜਾਵੇ ਉਨੀ ਥੋੜ੍ਹੀ ਹੈ। ਇਹ ਗੱਲ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਅਕਾਲੀ ਆਗੂ ਸਾਬਕਾ ਚੇਅਰਮੈਨ ਗੁਰਬਖ਼ਸ਼ ਸਿੰਘ ਕਪੂਰੇ ਨੇ ਕਹੀ। ਚੇਅਰਮੈਨ ਕਪੂਰੇ ਨੇ ਕਿਹਾ ਕਿ ਹਮਲੇ ਹੋਣਾ ਵੀ ਸੂਬਾ ਸਰਕਾਰ ਦੀ ਨਲਾਇਕੀ ਕਹੀ ਜਾਵੇ ਤਾਂ ਗਲਤ ਨਹੀਂ ਹੋਵੇਗਾ। ਕਿਉਂਕਿ ਸੁਖਬੀਰ ਸਿੰਘ ਬਾਦਲ ਇਕ ਨਿਮਾਣੇ ਸਿੱਖ ਵਜੋਂ ਇਸ ਸਜ਼ਾ ਨੂੰ ਭੁਗਤਣ ਲਈ ਹੀ ਉੱਥੇ ਬੈਠੇ ਹੋਏ ਸਨ। ਉਨ੍ਹਾਂ ਕਿਹਾ ਕਿ ਇਹ ਹਮਲਾ ਕਿਸੇ ਡੂੰਘੀ ਸਾਜ਼ਿਸ਼ ਦਾ ਹਿੱਸਾ ਹੋ ਸਕਦਾ ਹੈ ਜਿਸ ਦੀ ਡੂੰਘਾਈ ਨਾਲ ਜਾਂਚ ਹੋਣੀ ਚਾਹੀਦੀ ਹੈ।

ਸਾਬਕਾ ਚੇਅਰਮੈਨ ਗੁਰਬਖ਼ਸ਼ ਸਿੰਘ ਕਪੂਰੇ

ਧਰਮਸ਼ਾਲਾ ਦਾ ਕੰਮ ਸ਼ੁਰੂ ਕਰਵਾਉਣ ਸਮੇਂ ਵਿਧਾਇਕ ਬਿਲਾਸਪੁਰ ਅਤੇ ਹੋਰ। ਅਜੀਤ ਤਸਵੀਰ

ਵਿਧਾਇਕ ਬਿਲਾਸਪੁਰ ਵਲੋਂ ਰਵਿਦਾਸੀਆ ਸਿੱਖ ਧਰਮਸ਼ਾਲਾ ਲਈ 5 ਲੱਖ ਰੁਪਏ ਦਾ ਚੈੱਕ ਭੇਟ

ਮੋਗਾ, 8 ਦਸੰਬਰ (ਸੁਰਿੰਦਰਪਾਲ ਸਿੰਘ)- ਹਲਕਾ ਨਿਹਾਲ ਸਿੰਘ ਵਾਲਾ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੇ ਬਿਲਾਸਪੁਰ ਰਵਿਦਾਸੀਆ ਧਰਮਸ਼ਾਲਾ ਨੂੰ 5 ਲੱਖ ਦਾ ਚੈੱਕ ਭੇਟ ਕੀਤਾ। ਵਿਧਾਇਕ ਬਿਲਾਸਪੁਰ ਨੇ ਆਪਣੀ ਗਰਾਂਟ ਵਿਚੋਂ ਪੰਜ ਲੱਖ ਰੁਪਏ ਦੇ ਕੇ ਕੰਮ ਸ਼ੁਰੂ ਕਰਵਾਇਆ। ਵਿਧਾਇਕ ਬਿਲਾਸਪੁਰ ਨੇ ਭਾਈਚਾਰੇ ਨੂੰ ਵਿਸ਼ਵਾਸ ਦਿਵਾਇਆ ਕਿ ਹੋਰ ਗਰਾਂਟ ਦੀ ਜ਼ਰੂਰਤ ਹੋਈ ਤਾਂ ਉਹ ਪਹਿਲ ਦੇ ਆਧਾਰ 'ਤੇ ਹੋਰ ਗਰਾਂਟ ਦੇਣਗੇ। ਇਸ ਸਮੇਂ ਗੋਰਖਾ ਸਿੰਘ, ਸੁਖਮੰਦਰ ਸਿੰਘ, ਬੰਦਾ ਸਿੰਘ ਭਿੰਦਾ, ਚਮਕੌਰ ਸਿੰਘ ਤੋਂ ਇਲਾਵਾ ਪਿੰਡ ਦੇ ਪਤਵੰਤੇ ਹਾਜ਼ਰ ਸਨ।

ਜਨਮ ਦਿਨ ਮੁਬਾਰਕ

ਗੁਰਫਤਹਿ ਸਿੰਘ ਸੰਧੂ
ਪਿਤਾ-ਗੁਰਜੀਤ ਸਿੰਘ
ਮਾਤਾ-ਨਵਪ੍ਰੀਤ ਕੌਰ
ਵਾਸੀ-ਕੋਟ ਈਸੇ ਖਾਂ (ਮੋਗਾ)।

ਗ਼ਦਰੀ ਬਾਬਿਆਂ ਦਾ ਮੇਲਾ ਭਲਕੇ

ਅਜੀਤਵਾਲ, 8 ਦਸੰਬਰ (ਹਰਦੇਵ ਸਿੰਘ ਮਾਨ)- ਗ਼ਦਰੀ ਬਾਬਿਆਂ ਦੇ ਇਤਿਹਾਸਿਕ ਪਿੰਡ ਢੁੱਡੀਕੇ ਵਿਖੇ ਗ਼ਦਰੀ ਬਾਬਿਆਂ ਦਾ 27ਵਾਂ ਮੇਲਾ ਦੇਸ਼ ਭਗਤ ਗ਼ਦਰੀ ਬਾਬੇ ਯਾਦਗਾਰ ਢੁੱਡੀਕੇ ਵਿਖੇ ਕਰਾਇਆ ਜਾ ਰਿਹਾ ਹੈ ਜਿਸ ਵਿਚ ਸਕੂਲੀ ਵਿਦਿਆਰਥੀਆਂ ਦੇ ਕਵਿਤਾ, ਗੀਤ ਤੇ ਦਸਤਾਰ ਮੁਕਾਬਲੇ ਕਰਾਏ ਜਾਣਗੇ। ਗ਼ਦਰ ਰੰਗ ਮੰਚ ਮੱਦੋਕੇ ਵਲੋਂ ਕੋਰੀਓਗ੍ਰਾਫੀਆਂ ਤੇ ਨਾਟਕਾਂ ਦੀ ਪੇਸ਼ਕਾਰੀ ਕੀਤੀ ਜਾਵੇਗੀ। ਸਮਾਗਮ ਦੇ ਮੁੱਖ ਮਹਿਮਾਨ ਹਲਕਾ ਨਿਹਾਲ ਸਿੰਘ ਵਾਲੇ ਤੋਂ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਹੋਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਮੇਟੀ ਦੇ ਪ੍ਰਧਾਨ ਸਰਬਜੀਤ ਸਿੰਘ, ਜਨਰਲ ਸਕੱਤਰ ਮਾਸਟਰ ਗੁਰਚਰਨ ਸਿੰਘ ਤੇ ਖ਼ਜ਼ਾਨਚੀ ਤਰਨਜੀਤ ਸਿੰਘ ਲਵਲੀ ਨੇ ਦੱਸਿਆ ਕਿ ਇਹ ਮੇਲਾ ਦੇਸ਼ ਭਗਤ ਗ਼ਦਰੀ ਬਾਬੇ ਯਾਦਗਾਰ ਕਮੇਟੀ ਢੁੱਡੀਕੇ ਵਲੋਂ ਗ੍ਰਾਮ ਪੰਚਾਇਤ ਸਮੂਹ ਕਲੱਬਾਂ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ ਜਿਸ ਵਿਚ ਇਲਾਕੇ ਦੀਆਂ ਪੰਚਾਇਤੀ ਸ਼ਖ਼ਸੀਅਤਾਂ, ਸੰਸਥਾਵਾਂ ਅਤੇ ਕਲੱਬਾਂ ਦੇ ਨੁਮਾਇੰਦਿਆਂ ਸਮੇਤ ਇਲਾਕਾ ਅਤੇ ਨਗਰ ਵਾਸੀਆਂ ਦੀ ਵੱਡੀ ਸ਼ਮੂਲੀਅਤ ਹੋਵੇਗੀ।

ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਪ੍ਰਧਾਨ ਸ਼ਿੰਦਰ ਸਿੰਘ ਨੱਥੂਵਾਲਾ ਦੀ ਛੇਵੀਂ ਬਰਸੀ ਮਨਾਈ

ਨੱਥੂਵਾਲਾ ਗਰਬੀ, 8 ਦਸੰਬਰ (ਨਵਦੀਪ ਸਿੰਘ)-ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦੇ ਮਰਹੂਮ ਅਤੇ ਬਾਨੀ ਸੂਬਾ ਪ੍ਰਧਾਨ ਛਿੰਦਰ ਸਿੰਘ ਨੱਥੂਵਾਲਾ ਦੀ ਛੇਵੀਂ ਬਰਸੀ ਉਨ੍ਹਾਂ ਦੇ ਜੱਦੀ ਪਿੰਡ ਨੱਥੂਵਾਲਾ ਗਰਬੀ ਵਿਖੇ ਮਨਾਈ ਗਈ। ਇਸ ਮੌਕੇ ਇਕੱਤਰ ਹੋਏ ਸੈਂਕੜੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਅਤੇ ਨੌਜਵਾਨਾਂ ਨੇ ਮਰਹੂਮ ਆਗੂ ਨੂੰ ਸ਼ਰਧਾ ਦੇ ਫ਼ੁੱਲ ਭੇਟ ਕਰਦਿਆਂ ਉਸ ਦੇ ਅਧੂਰੇ ਕਾਰਜਾਂ ਨੂੰ ਪੂਰਾ ਕਰਨ ਦਾ ਪ੍ਰਣ ਇਨਕਲਾਬੀ ਤੇ ਜੋਸ਼ੀਲੇ ਨਾਅਰਿਆਂ ਨਾਲ ਦੁਹਰਾਇਆ। ਇਸ ਮੌਕੇ ਸੰਬੋਧਨ ਕਰਦਿਆਂ ਜਥੇਬੰਦੀ ਦੇ ਕੌਮੀ ਪ੍ਰਧਾਨ ਡਾ. ਦਰਸ਼ਨਪਾਲ ਨੇ ਦੱਸਿਆ ਕਿ ਛਿੰਦਰ ਸਿੰਘ ਨੱਥੂਵਾਲਾ ਜਵਾਨੀ ਵੇਲੇ ਹੀ ਨੌਜਵਾਨਾਂ ਵਿੱਚ ਸਰਗਰਮ ਹੋ ਗਿਆ ਸੀ ਤੇ ਉਸ ਤੋਂ ਬਾਅਦ ਮਜ਼ਦੂਰਾਂ ਦਾ ਆਗੂ ਹੋ ਕੇ ਉੱਭਰਿਆ। ਉਨ੍ਹਾਂ ਕਿਹਾ ਕਿ ਸ਼ਿੰਦਰ ਸਿੰਘ ਨੱਥੂਵਾਲਾ ਵਲੋਂ ਦਿੱਤਾ ਗਿਆ ਕਿਸਾਨ ਮਜ਼ਦੂਰ ਏਕਤਾ ਦਾ ਨਾਅਰਾ ਦਿੱਲੀ ਦੀਆਂ ਹੱਦਾਂ 'ਤੇ ਚੱਲੇ ਇੱਕ ਸਾਲ ਤੋਂ ਵੱਧ ਅੰਦੋਲਨ ਵੇਲੇ ਮਕਬੂਲ ਹੋਇਆ ਜੋ ਕਿ ਉਨ੍ਹਾਂ ਦੀ ਦੂਰ ਅੰਦੇਸ਼ੀ ਸੋਚ ਦਾ ਸਿੱਟਾ ਸੀ। ਉਨ੍ਹਾਂ ਕਿਹਾ ਕਿ ਅੱਜ ਜਿਸ ਤਰ੍ਹਾਂ ਕਾਰਪੋਰੇਟਾਂ ਵਲੋਂ ਸਮਾਜ ਦੇ ਹਰ ਤਬਕੇ ਉੱਪਰ ਹੱਲਾ ਬੋਲਿਆ ਜਾ ਰਿਹਾ ਹੈ ਅਜਿਹੇ ਹੱਲੇ ਨੂੰ ਰੋਕਣ ਲਈ ਸ਼ਿੰਦਰ ਸਿੰਘ ਨੱਥੂਵਾਲਾ ਵਰਗੇ ਸਾਰੀ ਉਮਰ ਲਹਿਰ ਦੇ ਲੇਖੇ ਲਾਉਣ ਵਾਲੇ ਆਗੂਆਂ ਦੀ ਸੋਚ ਉੱਪਰ ਚੱਲਣ ਦੀ ਬੇਹੱਦ ਜ਼ਰੂਰਤ ਹੈ ਤਾਂ ਹੀ ਸਮਾਜ ਨੂੰ ਰਹਿਣ ਯੋਗ ਬਣਾਇਆ ਜਾ ਸਕਦਾ ਹੈ। ਇਸ ਮੌਕੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਕੌਮੀ ਪ੍ਰਧਾਨ ਡਾ. ਦਰਸ਼ਨਪਾਲ, ਸੀਨੀ ਮੀਤ ਪ੍ਰਧਾਨ ਹਰਭਜਨ ਸਿੰਘ ਬੁੱਟਰ, ਜਨਰਲ ਸਕੱਤਰ ਗੁਰਮੀਤ ਸਿੰਘ ਮਹਿਮਾ, ਤਕਨੀਕੀ ਸੇਵਾਵਾਂ ਯੂਨੀਅਨ ਦੇ ਸੂਬਾਈ ਆਗੂ ਪ੍ਰੀਤਮ ਸਿੰਘ ਪਿੰਡੀ, ਪੈਨਸ਼ਨਰ ਐਸੋਸੀਏਸ਼ਨ ਦੇ ਪ੍ਰਧਾਨ ਸੁਰਿੰਦਰ ਸ਼ਰਮਾ, ਮਜ਼ਦੂਰ ਮੁਕਤੀ ਮੋਰਚਾ ਦੇ ਸੂਬਾ ਪ੍ਰਧਾਨ ਜੁਗਰਾਜ ਸਿੰਘ ਟੱਲੇਵਾਲ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਸਕੱਤਰ ਚਮਕੌਰ ਸਿੰਘ ਰੌਡੇ, ਪੰਜਾਬ ਜਮਹੂਰੀ ਮੋਰਚਾ ਦੇ ਸੂਬਾਈ ਆਗੂ ਸੁੱਚਾ ਸਿੰਘ ਪਟਿਆਲਾ, ਭੈਣ ਸੁਰਿੰਦਰ ਕੌਰ, ਜ਼ਿਲ੍ਹਾ ਮੋਗਾ ਦੇ ਆਗੂ ਕਰਮਜੀਤ ਸਿੰਘ ਲੰਗੇਆਣਾ, ਬਿੱਕਰ ਸਿੰਘ ਚੂਹੜਚੱਕ ਆਦਿ ਆਗੂਆਂ ਨੇ ਸੰਬੋਧਨ ਕੀਤਾ।

ਸ਼ਿੰਦਰ ਸਿੰਘ ਨੱਥੂਵਾਲਾ ਦੀ ਬਰਸੀ 'ਤੇ ਸੰਬੋਧਨ ਕਰਦੇ ਹੋਏ ਆਗੂ ਤੇ ਕਿਸਾਨਾਂ ਦਾ ਇਕੱਠ। ਤਸਵੀਰ : ਨਵਦੀਪ ਸਿੰਘ

ਕਿਸ਼ਨਪੁਰਾ ਕਲਾਂ ਦੇ ਨਾਮੀ ਮਾਨ ਪਰਿਵਾਰ ਦੇ ਆਗੂ ਰਾਜਿੰਦਰ ਸਿੰਘ ਬਿੰਦਰ ਨਾਲ ਦੁੱਖ ਸਾਂਝਾ ਕਰਨ ਪੁੱਜੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਤੇ ਪਿੰਡ ਵਾਸੀ। ਤਸਵੀਰ : ਕਲਸੀ

ਜਥੇਦਾਰ ਅਰਜਨ ਸਿੰਘ ਦੇ ਅਕਾਲ ਚਲਾਣੇ 'ਤੇ ਸਿਮਰਨਜੀਤ ਸਿੰਘ ਮਾਨ ਵਲੋਂ ਦੁੱਖ ਦਾ ਪ੍ਰਗਟਾਵਾ

ਕਿਸ਼ਨਪੁਰਾ ਕਲਾਂ, 8 ਦਸੰਬਰ (ਅਮੋਲਕ ਸਿੰਘ ਕਲਸੀ, ਪਰਮਿੰਦਰ ਸਿੰਘ ਗਿੱਲ)- ਇਲਾਕੇ ਦਾ ਸਿਰਕੱਢ ਖ਼ਾਨਦਾਨੀ, ਸ਼੍ਰੋਮਣੀ ਅਕਾਲੀ ਅੰਮ੍ਰਿਤਸਰ ਦੇ ਨਿਧੜਕ ਜਰਨੈਲ, ਬੇਦਾਗ਼ ਸ਼ਖ਼ਸੀਅਤ, ਵਫ਼ਾਦਾਰ ਸਿਪਾਹੀ ਜ਼ਿਲ੍ਹਾ ਮੋਗਾ ਦੇ ਸੀਨੀਅਰ ਮੀਤ ਪ੍ਰਧਾਨ ਅਰਜਨ ਸਿੰਘ ਮਾਨ ਕਿਸ਼ਨਪੁਰਾ ਕਲਾਂ ਜੋ ਕਿ ਬੀਤੇ ਦਿਨੀਂ ਅਕਾਲ ਚਲਾਣਾ ਕਰ ਜਾਣ 'ਤੇ ਵੱਡੀ ਗਿਣਤੀ ਵਿਚ ਰਾਜਨੀਤਕ, ਧਾਰਮਿਕ, ਸਮਾਜਿਕ ਸ਼ਖ਼ਸੀਅਤਾਂ ਵਲੋਂ ਉਨ੍ਹਾਂ ਦੇ ਗ੍ਰਹਿ ਪੁੱਜ ਕੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਇਜ਼ਹਾਰ ਕੀਤਾ ਗਿਆ। ਇਸ ਮੌਕੇ ਦੁੱਖ ਦੀ ਘੜੀ 'ਚ ਉਚੇਚੇ ਤੌਰ ਪਹੁੰਚੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਉਨ੍ਹਾਂ ਦੇ ਗ੍ਰਹਿ ਵਿਖੇ ਪੁੱਜ ਕੇ ਨਾਮੀ ਮਾਨ ਪਰਿਵਾਰ ਦੇ ਆਗੂ ਰਾਜਿੰਦਰ ਸਿੰਘ ਬਿੰਦਰ ਤੇ ਹੋਰਨਾਂ ਪਰਿਵਾਰ ਮੈਂਬਰਾਂ ਨਾਲ ਦੁੱਖ ਪ੍ਰਗਟਾਇਆ ਗਿਆ। ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਅਫ਼ਸੋਸ ਪ੍ਰਗਟ ਕਰਦਿਆਂ ਕਿਹਾ ਕਿ ਜਥੇਦਾਰ ਅਰਜਨ ਸਿੰਘ ਮਾਨ ਕਿਸ਼ਨਪੁਰਾ ਕਲਾਂ ਦੇ ਵਿਛੋੜੇ ਨਾਲ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਮਾਨ ਪਰਿਵਾਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਆਪਣੇ ਕਰੀਬੀ ਰਹੇ ਸਾਥੀ ਜਥੇਦਾਰ ਅਰਜਨ ਸਿੰਘ ਮਾਨ ਦੇ ਜੀਵਨ ਦੀ ਕਈ ਹੋਈਆਂ ਯਾਦਗਾਰ ਘਟਨਾਵਾਂ ਸਾਂਝੀਆ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਘਾਟ ਸਾਨੂੰ ਹਮੇਸ਼ਾ ਮਹਿਸੂਸ ਹੋਵੇਗੀ। ਇਸ ਮੌਕੇ ਦੁਖੀ ਮਾਨ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਵਾਲਿਆਂ ਵਿਚ ਜ਼ਿਲ੍ਹਾ ਪ੍ਰਧਾਨ ਬਲਰਾਜ ਸਿੰਘ ਖ਼ਾਲਸਾ, ਜਗਜੀਤ ਸਿੰਘ ਸ਼ਹਿਰੀ ਪ੍ਰਧਾਨ, ਪ੍ਰੀਤਮ ਸਿੰਘ ਧਰਮੀ ਫ਼ੌਜੀ, ਰਣਜੀਤ ਮੁਨੀਮ, ਹਰਜੀਤ ਕੌਰ, ਸਵਰਨਜੀਤ ਕੌਰ, ਪਰਮਵੀਰ ਸਿੰਘ ਮਾਨ, ਮਾਸਟਰ ਸਰਦੂਲ ਸਿੰਘ, ਡਾਕਟਰ ਗੁਰਪ੍ਰੀਤ ਸਿੰਘ ਢਿੱਲੋਂ, ਅਜਮੇਰ ਸਿੰਘ, ਸਾਧੂ ਸਿੰਘ, ਅਜੀਤ ਸਿੰਘ, ਬਿੰਦਰ ਸਿੰਘ, ਲਖਵੀਰ ਸਿੰਘ, ਸੁਰਜੀਤ ਸਿੰਘ, ਬਲਵੀਰ ਸਿੰਘ ਗੁਰਮੀਤ ਸਿੰਘ ਆਦਿ ਹਾਜ਼ਰ ਸਨ।

ਪੰਜਾਬ ਗੌਰਮਿੰਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੇ ਆਗੂ ਮੀਟਿੰਗ ਦੌਰਾਨ। ਅਜੀਤ ਤਸਵੀਰ

ਪੰਜਾਬ ਗੌਰਮਿੰਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੀ ਮੀਟਿੰਗ

ਮੋਗਾ, 8 ਦਸੰਬਰ (ਸੁਰਿੰਦਰਪਾਲ ਸਿੰਘ)- ਪੰਜਾਬ ਗੌਰਮਿੰਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੀ ਮੀਟਿੰਗ ਦਰਸ਼ਨ ਸਿੰਘ ਬਰਾੜ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਭਾਗ ਸਿੰਘ ਮਾਸਟਰ ਦੀ ਅਚਾਨਕ ਮੌਤ 'ਤੇ ਸ਼ੋਕ ਮਤਾ ਪੇਸ਼ ਕੀਤਾ ਗਿਆ ਤੇ ਦੋ ਮਿੰਟ ਦਾ ਮੌਨ ਰੱਖਿਆ ਗਿਆ। ਸਰਬਸੰਮਤੀ ਨਾਲ ਮਤਾ ਪਾਸ ਕਰ ਕੇ ਸਰਕਾਰ ਤੋਂ ਮੰਗ ਕੀਤੀ ਗਈ ਕਿ ਪੈਨਸ਼ਨਰਾਂ ਦੀ ਪੈਨਸ਼ਨ ਫਿਕਸ ਕਰਨ ਲਈ 2.59 ਦਾ ਫ਼ਾਰਮੂਲਾ ਲਾਗੂ ਕੀਤਾ ਜਾਵੇ। ਕਿਸਾਨਾਂ 'ਤੇ ਸ਼ੰਭੂ ਬਾਰਡਰ 'ਤੇ ਕੀਤੀ ਕਾਰਵਾਈ ਦੀ ਨਿੰਦਿਆ ਕੀਤੀ ਗਈ ਤੇ ਮੰਗ ਕੀਤੀ ਗਈ ਕਿ ਕਿਸਾਨਾਂ, ਪੈਨਸ਼ਨਰਾਂ, ਮਜ਼ਦੂਰਾਂ, ਮੁਲਾਜ਼ਮਾਂ ਤੇ ਹੋਰ ਕੈਟਾਗਰੀਆਂ ਦੇ ਲੋਕਾਂ ਦੀਆਂ ਮੰਗਾਂ ਮੰਨੀਆਂ ਜਾਣ। ਮੀਟਿੰਗ ਵਿਚ ਸੁਖਦੇਵ ਸਿੰਘ, ਦਰਸ਼ਨ ਸਿੰਘ ਮੱਲ੍ਹੀ, ਕੈਪਟਨ ਬਹਾਦਰ ਸਿੰਘ, ਗੁਰਦੀਪ ਸਿੰਘ, ਹਰਜੀਤ ਸਿੰਘ, ਸੁਰੇਸ਼ ਕੁਮਾਰ, ਰਾਮ ਸਿੰਘ, ਕੁਲਦੀਪ ਸਿੰਘ, ਗੁਰਮੇਲ ਸਿੰਘ, ਦਰਸ਼ਨ ਸਿੰਘ, ਪ੍ਰੀਤਮ ਸਿੰਘ ਆਦਿ ਸ਼ਾਮਿਲ ਹੋਏ।

ਸੁਖਬੀਰ 'ਤੇ ਹਮਲਾ ਡੂੰਘੀ ਸਾਜਿਸ਼-ਆਗੂ

ਬਲਤੇਜ ਸਿੰਘ, ਹਰਜੀਤ ਸਿੰਘ, ਗੁਰਦਿੱਤ ਸਿੰਘ, ਬੂਟਾ ਸਿੰਘ

ਬਾਘਾ ਪੁਰਾਣਾ, 8 ਦਸੰਬਰ (ਕ੍ਰਿਸ਼ਨ ਸਿੰਗਲਾ)- ਸੁਖਬੀਰ ਸਿੰਘ ਬਾਦਲ 'ਤੇ ਹਮਲੇ ਦੀ ਘਟਨਾ ਬਹੁਤ ਹੀ ਨਿੰਦਣਯੋਗ ਹੈ। ਇਹ ਪ੍ਰਗਟਾਵਾ ਬਲਤੇਜ ਸਿੰਘ ਲੰਗੇਆਣਾ ਸਰਕਲ ਪ੍ਰਧਾਨ, ਹਰਜੀਤ ਸਿੰਘ ਗਿੱਲ ਸਰਕਲ ਪ੍ਰਧਾਨ, ਗੁਰਦਿੱਤ ਸਿੰਘ ਢਿੱਲੋਂ ਸੀਨੀਅਰ ਯੂਥ ਆਗੂ ਤੇ ਬੂਟਾ ਸਿੰਘ ਸਾਬਕਾ ਸਰਪੰਚ ਦੱਲੂਵਾਲਾ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕੀਤਾ। ਆਗੂਆਂ ਨੇ ਅੱਗੇ ਕਿਹਾ ਕਿ ਇਹ ਘਟਨਾ ਇੱਕ ਡੂੰਘੀ ਸਾਜ਼ਿਸ਼ ਦਾ ਨਤੀਜਾ ਹੈ, ਸਿੱਖ ਪੰਥ ਦੀ ਸਰਵਉੱਚ ਸੰਸਥਾ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਵਾਲਾ ਹਰ ਇੱਕ ਇਨਸਾਨ ਗੁਰੂ ਦਾ ਨਿਮਾਣਾ ਸਿੱਖ ਹੈ ਤੇ ਸੁਖਬੀਰ ਸਿੰਘ ਬਾਦਲ ਵੀ ਉਸੇ ਤਰ੍ਹਾਂ ਨਿਮਾਣੇ ਸਿੱਖ ਹੋਣ ਕਰਕੇ ਜਥੇਦਾਰ ਸਾਹਿਬਾਨ ਵਲੋਂ ਲਗਾਈ ਆਪਣੀ ਤਨਖ਼ਾਹ ਪੂਰੀ ਕਰ ਰਹੇ ਸਨ ਪਰ ਅਚਾਨਕ ਉਨ੍ਹਾਂ ਉੱਪਰ ਇਕ ਵਿਅਕਤੀ ਵਲੋਂ ਗੋਲੀ ਚਲਾਉਣਾ ਬਹੁਤ ਹੀ ਮੰਦਭਾਗਾ ਹੈ, ਅਸੀਂ ਇਸ ਘਟਨਾ ਦੀ ਸਖ਼ਤ ਸ਼ਬਦਾਂ ਵਿਚ ਨਿੰਦਿਆਂ ਕਰਦੇ ਹਾਂ ਅਤੇ ਪੰਜਾਬ ਅਤੇ ਸਿੱਖ ਪੰਥ ਵਿਰੋਧੀ ਤਾਕਤਾਂ ਨੂੰ ਯਕੀਨ ਦਿਵਾਉਣਾ ਚਾਹੁੰਦਾ ਹਾਂ ਕਿ ਪੰਜਾਬ ਗੁਰਾਂ ਦੀ ਬਖ਼ਸ਼ਿਸ਼ ਨਾਲ ਚੱਲਦਾ ਆ ਰਿਹਾ ਹੈ ਅਤੇ ਗੁਰੂ ਨੂੰ ਮੰਨਣ ਵਾਲਿਆਂ ਨੂੰ ਕਦੇ ਵੀ ਕੋਈ ਆਂਚ ਨਹੀਂ ਆ ਸਕਦੀ।

ਪਿੰਡ ਦੱਲੂਵਾਲਾ ਵਿਖੇ ਢਾਣੀਆਂ ਨੂੰ ਬਿਜਲੀ ਸਪਲਾਈ ਪੂਰੀ ਕਰਨ ਲਈ ਨਵਾਂ ਟਰਾਂਸਫ਼ਾਰਮਰ ਰਖਵਾਉਂਦੇ ਹੋਏ ਸਰਪੰਚ ਜਸਪ੍ਰੀਤ ਸਿੰਘ ਜੱਸੂ। ਤਸਵੀਰ : ਜਗਰੂਪ ਸਿੰਘ ਮਠਾੜੂ

ਪਿੰਡ ਦੱਲੂਵਾਲਾ ਦੀਆਂ ਢਾਣੀਆਂ ਨੂੰ ਬਿਜਲੀ ਸਪਲਾਈ ਪੂਰੀ ਕਰਨ ਲਈ ਪੰਚਾਇਤ ਨੇ ਰਖਵਾਇਆ ਨਵਾਂ ਟਰਾਂਸਫ਼ਾਰਮਰ

ਠੱਠੀ ਭਾਈ, 8 ਦਸੰਬਰ (ਜਗਰੂਪ ਸਿੰਘ ਮਠਾੜੂ)- ਆਮ ਆਦਮੀ ਪਾਰਟੀ ਦੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਰਹਿਨੁਮਾਈ ਹੇਠ ਹਲਕੇ ਅੰਦਰ ਚੱਲ ਰਹੇ ਵਿਕਾਸ ਕਾਰਜਾਂ ਦੀ ਲੜੀ ਅਧੀਨ ਪਿੰਡ ਦੱਲੂਵਾਲਾ ਦੀਆਂ ਢਾਣੀਆਂ ਵਿਚ ਨਵਾਂ ਟਰਾਂਸਫ਼ਾਰਮਰ ਲਗਵਾਇਆ ਗਿਆ। ਇਹ ਟਰਾਂਸਫ਼ਾਰਮਰ ਪਿੰਡ ਦੱਲੂਵਾਲਾ ਦੇ ਸਰਪੰਚ ਜਸਪ੍ਰੀਤ ਸਿੰਘ ਜੱਸੂ ਵਲੋਂ ਚੋਣਾਂ ਦੌਰਾਨ ਕੀਤੇ ਵਾਅਦਿਆਂ ਦੇ ਅਨੁਸਾਰ ਲੋਕਾਂ ਦੀ ਮੰਗ ਨੂੰ ਪੂਰਾ ਕੀਤਾ। ਬਿਜਲੀ ਮਹਿਕਮੇ ਵਲੋਂ ਮਿਲੇ ਸਹਿਯੋਗ ਲਈ ਧੰਨਵਾਦ ਪ੍ਰਗਟ ਕਰਦਿਆਂ ਜਸਪ੍ਰੀਤ ਸਿੰਘ ਜੱਸੂ ਨੇ ਕਿਹਾ ਕਿ ਪਿੰਡ ਵਾਸੀਆਂ ਦੀ ਸਹੂਲਤ ਲਈ ਅਜੇ ਹੋਰ ਯਤਨ ਵੀ ਕੀਤੇ ਜਾਣਗੇ। ਇਸ ਮੌਕੇ ਸਾਬਕਾ ਸਰਪੰਚ ਬੂਟਾ ਸਿੰਘ ਬਰਾੜ, ਸੋਨੀ ਬਰਾੜ ਤੇ ਸਾਬਕਾ ਪੰਚਾਇਤ ਮੈਂਬਰ ਮਨਜੀਤ ਸਿੰਘ ਨੇ ਵੀ ਪਿੰਡ ਦੀ ਤਰੱਕੀ ਲਈ ਆਪਸ ਵਿਚ ਏਕਤਾ ਬਣਾਈ ਰੱਖਣ 'ਤੇ ਜ਼ੋਰ ਦਿੰਦਿਆਂ ਇਸ ਪ੍ਰਗਤੀ ਕਾਰੀ ਕਦਮ ਲਈ ਸਰਕਾਰ ਦਾ ਧੰਨਵਾਦ ਕੀਤਾ।

ਸੁਖਬੀਰ ਸਿੰਘ ਬਾਦਲ 'ਤੇ ਜਾਨਲੇਵਾ ਹਮਲਾ ਨਿੰਦਣਯੋਗ-ਸਾਬਕਾ ਸਰਪੰਚ ਭੁੱਲਰ, ਗਿੱਲ

ਕਿਸ਼ਨਪੁਰਾ ਕਲਾਂ, 8 ਦਸੰਬਰ (ਅਮੋਲਕ ਸਿੰਘ ਕਲਸੀ) -ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖਾਂ ਦੇ ਸਿਰਮੌਰ ਸੰਸਥਾ ਹੈ, ਜਿਸ ਨੂੰ ਦੁਨੀਆ ਭਰ ਦੇ ਸਿੱਖ ਸੀਸ ਝੁਕਾਉਂਦੇ ਹਨ ਤੇ ਉਸ ਦਾ ਹਰ ਹੁਕਮ ਸਿਰ ਝੁਕਾ ਕੇ ਮੰਨਦੇ ਹਨ। ਜਦੋਂ ਕੋਈ ਸਿੱਖ ਕੋਈ ਗ਼ਲਤੀ ਕਰਦਾ ਹੈ ਤਾਂ ਧਾਰਮਿਕ ਸਜ਼ਾ ਸ੍ਰੀ ਤਖ਼ਤ ਸਾਹਿਬ ਤੋਂ ਸੁਣਾਈ ਜਾਂਦੀ ਹੈ। ਇਸੇ ਤਹਿਤ ਹੀ ਸੁਖਬੀਰ ਸਿੰਘ ਬਾਦਲ ਨੂੰ ਸੁਣਾਈ ਸਜ਼ਾ, ਜੋ ਨਿਮਾਣੇ ਸਿੱਖ ਵਜੋਂ ਨਿਭਾ ਰਹੇ ਸਨ 'ਤੇ ਅਚਾਨਕ ਇਸ ਤਰ੍ਹਾਂ ਦਾ ਜਾਨਲੇਵਾ ਹਮਲਾ ਬਹੁਤ ਹੀ ਨਿੰਦਣਯੋਗ ਤੇ ਸਿੱਖ ਮਰਿਯਾਦਾ ਦੇ ਖ਼ਿਲਾਫ਼ ਹੈ। ਇਹ ਪ੍ਰਗਟਾਵਾ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਸਰਪੰਚ ਪਰਮਿੰਦਰ ਸਿੰਘ ਭੁੱਲਰ ਨਸੀਰੇ ਵਾਲਾ, ਸਾਬਕਾ ਸਰਪੰਚ ਪ੍ਰਭਜੀਤ ਸਿੰਘ ਗਿੱਲ, ਸੀਨੀਅਰ ਅਕਾਲੀ ਆਗੂ ਚਰਨਜੀਤ ਸਿੰਘ ਗੋਰਾ ਬਰਾੜ ਨੇ ਕਰਦਿਆਂ ਕਿਹਾ ਕਿ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਹੋਏ ਜਾਨਲੇਵਾ ਹਮਲੇ ਦੀ ਘਟਨਾ ਬਹੁਤ ਦੁਖਦਾਈ ਹੈ। ਇਸ ਘਟਨਾ ਨੇ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ।

ਪਰਮਿੰਦਰ ਸਿੰਘ, ਪ੍ਰਭਜੀਤ ਸਿੰਘ, ਚਰਨਜੀਤ ਸਿੰਘ

ਸਿਵਲ ਹਸਪਤਾਲ ਮੋਗਾ ਵਿਖੇ ਅਰਜੋਈ ਕੌਰ ਸੱਗੂ ਪੁੱਤਰੀ ਪੁਨੀਤਪਾਲ ਸਿੰਘ ਸੱਗੂ, ਮਾਤਾ ਸੰਦੀਪ ਕੌਰ ਸੱਗੂ ਨੂੰ ਪੋਲੀਓ ਮੁਕਤੀ ਬੂੰਦਾਂ ਸੇਵਨ ਕਰਵਾਉਂਦੇ ਬੱਚਿਆਂ ਦੇ ਰੋਗਾਂ ਦੇ ਮਾਹਿਰ ਡਾ. ਦਲਬੀਰ ਕੌਰ ਗਾਬਾ। ਨਾਲ ਹਨ ਸਿਵਲ ਹਸਪਤਾਲ ਦਾ ਸਟਾਫ਼। ਤਸਵੀਰ : ਜਸਪਾਲ ਸਿੰਘ ਬੱਬੀ

ਪਲਸ ਪੋਲੀਓ ਮੁਹਿੰਮ ਦੌਰਾਨ ਇੱਕ ਭੱਠੇ 'ਤੇ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਉਣ ਸਮੇਂ ਪਹੁੰਚੇ ਸੀਨੀਅਰ ਮੈਡੀਕਲ ਅਫ਼ਸਰ ਸੁਖਮਨਦੀਪ ਕੌਰ ਅਤੇ ਸਿਹਤ ਵਿਭਾਗ ਦੀ ਟੀਮ। ਤਸਵੀਰ : ਜਗਰੂਪ ਸਿੰਘ ਮਠਾੜੂ

ਪਲਸ ਪੋਲੀਓ ਮੁਹਿੰਮ ਤਹਿਤ ਪਿੰਡ ਨੱਥੂਵਾਲਾ ਜਦੀਦ ਵਿਖੇ ਬੱਚਿਆਂ ਨੂੰ ਬੂੰਦਾਂ ਪਿਲਾਉਣ ਸਮੇਂ ਸਿਹਤ ਵਿਭਾਗ ਤੋਂ ਸੁਪਰਵਾਈਜ਼ਰ ਜਗਰੂਪ ਸਿੰਘ, ਆਸ਼ਾ ਵਰਕਰ ਰਜੀਆ, ਨਰਿੰਦਰਜੋਤ ਕੌਰ, ਆਂਗਣਵਾੜੀ ਵਰਕਰ ਸੁਖਜੀਤ ਕੌਰ, ਡਿੰਪੀ ਆਦਿ। ਤਸਵੀਰ ਅਤੇ ਵੇਰਵਾ : ਹਰਦੇਵ ਸਿੰਘ ਮਾਨ

ਮਿਸ ਕਿਰਨ ਜਯੋਤੀ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਮੋਗਾ ਵਿਖੇ ਸੈਮੀਨਾਰ ਦੌਰਾਨ। ਤਸਵੀਰ: ਹਰਜੀਤ ਸਿੰਘ

ਡਰਾਈਵ ਸੇਫ਼ ਐਂਡ ਸਟੇਅ ਸੇਫ਼ ਮੁਹਿੰਮ ਤਹਿਤ ਸੈਮੀਨਾਰ

ਮੋਗਾ, 8 ਦਸੰਬਰ (ਸੁਰਿੰਦਰਪਾਲ ਸਿੰਘ)- ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ ਜੱਜ ਪੰਜਾਬ ਤੇ ਹਰਿਆਣਾ ਹਾਈਕੋਰਟ ਚੰਡੀਗੜ੍ਹ ਤੇ ਕਾਰਜਕਾਰੀ ਚੇਅਰਮੈਨ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਿਟੀ ਅਤੇ ਮਨਜਿੰਦਰ ਸਿੰਘ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਿਟੀ ਐਸ.ਏ.ਐਸ. ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਿਤੀ 1 ਨਵੰਬਰ ਤੋਂ 31 ਦਸੰਬਰ 2024 ਤੱਕ ਪੂਰੇ ਪੰਜਾਬ ਵਿਚ ਯੂਅਰ ਜਰਨੀ, ਯੂਅਰ ਲਾਈਫ਼, ਯੂਅਰ ਰਿਸਪੋਂਸੀਬਿਲਟੀ ਡਰਾਈਵ ਸੇਫ਼ ਐਂਡ ਸਟੇਅ ਸੇਫ਼ ਮੁਹਿੰਮ ਚਲਾਈ ਜਾ ਰਹੀ ਹੈ। ਸਰਬਜੀਤ ਸਿੰਘ ਧਾਲੀਵਾਲ ਜ਼ਿਲ੍ਹਾ ਤੇ ਸੈਸ਼ਨ ਜੱਜ ਕਮ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਮੋਗਾ ਦੀ ਅਗਵਾਈ ਹੇਠ ਮਿਸ ਕਿਰਨ ਜਯੋਤੀ ਸੀ.ਜੇ.ਐਮ. ਕਮ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਮੋਗਾ ਵਲੋਂ ਉਕਤ ਮੁਹਿੰਮ ਅਧੀਨ ਸੈਮੀਨਾਰ ਲਗਾਇਆ ਗਿਆ। ਇਸ ਮੌਕੇ ਉਨ੍ਹਾਂ ਨਾਲ ਪੁਲਿਸ ਵਿਭਾਗ ਤੋਂ ਹੈੱਡ ਕਾਂਸਟੇਬਲ ਸੁਖਜਿੰਦਰ ਸਿੰਘ ਤੇ ਸਤਨਾਮ ਸਿੰਘ ਪੈਰਾ ਲੀਗਲ ਵਲੰਟੀਅਰ ਵੀ ਮੌਜੂਦ ਸਨ। ਮਿਸ ਕਿਰਨ ਜਯੋਤੀ ਸੀ.ਜੇ.ਐਮ. ਕਮ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਮੋਗਾ ਨੇ ਦੱਸਿਆ ਕਿ ਇਸ ਮੁਹਿੰਮ ਦਾ ਮਕਸਦ ਲੋਕਾਂ ਵਿਚ ਇਹ ਸੰਦੇਸ਼ ਪਹੁੰਚਾਉਣਾ ਹੈ ਕਿ ਸਾਨੂੰ ਆਪਣੇ ਅਤੇ ਦੂਸਰਿਆਂ ਦੇ ਜੀਵਨ ਦੀ ਜ਼ਿੰਮੇਵਾਰੀ ਸਮਝਦੇ ਹੋਏ ਵਹੀਕਲ ਨੂੰ ਬਹੁਤ ਹੀ ਸਾਵਧਾਨੀ ਨਾਲ ਚਲਾਉਣਾ ਚਾਹੀਦਾ ਹੈ। ਇਸ ਮੌਕੇ ਮਨਦੀਪ ਕੌਰ ਸਕੂਲ ਇੰਚਾਰਜ, ਧਨਵਿੰਦਰ ਕੌਰ, ਸੁਰਿੰਦਰ ਕੌਰ, ਸੋਨੀਆ ਤੇ ਕਰਮਜੀਤ ਸਿੰਘ ਅਧਿਆਪਕ ਵੀ ਮੌਜੂਦ ਸਨ।

ਰਜਿੰਦਰਾ ਪਬਲਿਕ ਸਕੂਲ ਵਿਚ ਹਥਿਆਰਬੰਦ ਸੈਨਾ ਝੰਡਾ ਦਿਵਸ ਮਨਾਇਆ

ਮੋਗਾ, 8 ਦਸੰਬਰ (ਸੁਰਿੰਦਰਪਾਲ ਸਿੰਘ)-ਅੱਜ ਰਜਿੰਦਰਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਡਾਇਰੈਕਟਰ ਸੀਮਾ ਸ਼ਰਮਾ ਅਤੇ ਚੇਅਰਮੈਨ ਰਾਘਵ ਸ਼ਰਮਾ ਦੀ ਅਗਵਾਈ ਹੇਠ ਹਥਿਆਰਬੰਦ ਸੈਨਾ ਝੰਡਾ ਦਿਵਸ ਮਨਾਇਆ ਗਿਆ। ਇਹ ਦਿਨ ਪਹਿਲੀ ਵਾਰ 7 ਦਸੰਬਰ 1949 ਨੂੰ ਦੇਸ਼ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਭਾਰਤੀ ਸੈਨਿਕਾਂ ਦੇ ਸਨਮਾਨ ਵਿਚ ਮਨਾਇਆ ਗਿਆ ਸੀ। ਇਸ ਮੌਕੇ ਸਕੂਲ ਦੀ ਡਾਇਰੈਕਟਰ ਮੈਡਮ ਸੀਮਾ ਸ਼ਰਮਾ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦਾ ਦਿਨ ਉਨ੍ਹਾਂ ਭਾਰਤੀ ਸੈਨਿਕਾਂ ਪ੍ਰਤੀ ਧੰਨਵਾਦ ਪ੍ਰਗਟ ਕਰਨ ਦਾ ਦਿਨ ਹੈ ਜੋ ਸਰਹੱਦ 'ਤੇ ਬੈਠ ਕੇ ਆਪਣੀ ਜਾਨ ਖ਼ਤਰੇ ਵਿਚ ਪਾ ਕੇ ਸਾਡੀ ਸੁਰੱਖਿਆ ਲਈ ਕੰਮ ਕਰ ਰਹੇ ਹਨ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਅਮਨਦੀਪ ਕੌਰ ਬਰਾੜ, ਵਾਈਸ ਪ੍ਰਿੰਸੀਪਲ ਅੰਜੂ ਜਿੰਦਲ, ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਸਨ।

ਹਥਿਆਰਬੰਦ ਸੈਨਾ ਝੰਡਾ ਦਿਵਸ ਮੌਕੇ ਭਾਰਤੀ ਜਵਾਨਾਂ ਨੂੰ ਸਲਾਮੀ ਦਿੰਦੇ ਵਿਦਿਆਰਥੀ। ਅਜੀਤ ਤਸਵੀਰ

ਸ਼ਬਦ ਗਾਇਣ ਕਰਦੇ ਹੋਏ ਸੁਪਰੀਮ ਕਾਨਵੈਂਟ ਸਕੂਲ ਬਿਲਾਸਪੁਰ ਦੇ ਵਿਦਿਆਰਥੀ। ਤਸਵੀਰ: ਟਿਵਾਣਾ

ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਈ ਵਿਸ਼ੇਸ਼ ਸਭਾ

ਨਿਹਾਲ ਸਿੰਘ ਵਾਲਾ, 8 ਦਸੰਬਰ (ਪਲਵਿੰਦਰ ਸਿੰਘ ਟਿਵਾਣਾ)- ਸੁਪਰੀਮ ਕਾਨਵੈਂਟ ਸਕੂਲ ਬਿਲਾਸਪੁਰ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਵਿਸ਼ੇਸ਼ ਸਭਾ ਕਰਵਾਈ ਗਈ ਜਿਸ ਵਿਚ ਵਿਦਿਆਰਥੀਆਂ ਨੇ ਸ਼ਬਦ ਗਾਇਣ ਕੀਤਾ। ਸਕੂਲ ਕਮੇਟੀ ਦੇ ਪ੍ਰਧਾਨ ਚਰਨ ਸਿੰਘ, ਚੇਅਰਮੈਨ ਜੋਗਿੰਦਰ ਸ਼ਰਮਾ ਤੇ ਸਕੂਲ ਪ੍ਰਿੰਸੀਪਲ ਕੁੰਜੂਮੋਲ ਜੋਅ ਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਸਬੰਧੀ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਸਾਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਤੋਂ ਪ੍ਰੇਰਨਾ ਲੈਂਦੇ ਹੋਏ ਮਨੁੱਖਤਾ ਅਤੇ ਧਰਮ ਲਈ ਕੁਰਬਾਨੀ ਦੀ ਭਾਵਨਾ ਪੈਦਾ ਕਰਨੀ ਚਾਹੀਦੀ ਹੈ।

ਸੰਪਾਦਕ-ਰਾਜਿੰਦਰ ਸਿੰਘ। ਪ੍ਰਕਾਸ਼ ਕੌਰ ਹਮਦਰਦ, ਪ੍ਰਿੰਟਰ, ਪਬਲਿਸ਼ਰ ਤੇ ਸੈਕਟਰੀ ਟਰੱਸਟ ਨੇ ਸਾਧੂ ਸਿੰਘ ਹਮਦਰਦ ਟਰੱਸਟ ਲਈ ਡੇਲੀ ਅਜੀਤ ਪ੍ਰਿੰਟਰਜ਼, ਲਿੱਧੜਾਂ, ਜਲੰਧਰ ਤੋਂ ਛਪਵਾ ਕੇ ਸ਼ਾਪ ਨੰ: 72, ਸੁਭਾਸ਼ ਮਾਰਕੀਟ, ਮਾਲ ਰੋਡ, ਬਠਿੰਡਾ ਤੋਂ ਪ੍ਰਕਾਸ਼ਤ ਕੀਤਾ। ਆਰ. ਐਨ. ਆਈ. ਰਜਿਸਟ੍ਰੇਸ਼ਨ ਨੰ: PUNPUN/2017/70557

Editor- Rajinder Singh. Printer, Publisher and Secretary Parkash Kaur Hamdard. Printed for Sadhu Singh Hamdard Trust at Daily Ajit Printers, Lidhran, Jalandhar and Published from Shop No. 72, Subhash Market, Mall Road, Bathinda. RNI Regd. No:- PUNPUN/2017/70557